**(ਵੈੱਬਸਾਈਟ ਰਾਹੀਂ)**

**ਦਫ਼ਤਰ ਡਾਇਰੈਕਟਰ ਐੱਸ.ਸੀ.ਈ.ਆਰ.ਟੀ. ਪੰਜਾਬ**

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.)
ਪੰਜਾਬ।

ਮੀਮੋ ਨੰ: 10/14-2020 (ਅਕਾ)
ਮਿਤੀ: 14/5/2020

**ਵਿਸ਼ਾ:- ਸਮਾਜਿਕ ਸਿੱਖਿਆ ਨੂੰ ਅੰਗਰੇਜੀ ਮੀਡੀਅਮ ਵਿੱਚ ਪੜ੍ਹਾਉਣ ਦੀ ਪ੍ਰਵਾਨਗੀ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਸਮੂਹ ਜਿਲ੍ਹਾ ਸਿੱਖਿਆ ਅਫ਼ਸਰਾਂ ਨਾਲ ਹੋਈਆਂ ਵੱਖ-ਵੱਖ ਮੀਟਿੰਗਾਂ ਦੌਰਾਨ ਬਹੁਤ ਸਾਰੇ ਜਿਲ੍ਹਾ ਸਿੱਖਿਆ ਅਫ਼ਸਰਾਂ ਵੱਲੋਂ ਇਹ ਸੁਝਾਅ ਦਿੱਤਾ ਗਿਆ ਹੈ ਕਿ ਜੇਕਰ ਸਮਾਜਿਕ ਸਿੱਖਿਆ ਵਿਸ਼ੇ ਨੂੰ ਵੀ ਅੰਗਰੇਜੀ ਮੀਡੀਅਮ ਵਿੱਚ ਪੜ੍ਹਾਉਣ ਦੀ ਇਜਾਜ਼ਤ ਦਿੱਤੀ ਜਾਵੇ ਤਾਂ ਸਰਕਾਰੀ ਸਕੂਲਾਂ ਵਿੱਚ ਦਾਖਲੇ ਵਿੱਚ ਕਾਫੀ ਵਾਧਾ ਹੋਣ ਦੀ ਸੰਭਾਵਨਾ ਹੈ।

3.0 ਇਸ ਮੁੱਦੇ ਨੂੰ ਬੜੀ ਡੂੰਘਾਈ ਨਾਲ ਵਿਚਾਰਿਆ ਗਿਆ ਹੈ। ਸਰਕਾਰ ਵੱਲੋਂ ਇਹ ਪਹਿਲਾਂ ਹੀ ਫੈਸਲਾ ਕੀਤਾ ਗਿਆ ਹੈ ਕਿ ਜੇਕਰ ਸਕੂਲਾਂ ਵਿੱਚ ਅੰਗਰੇਜੀ ਮੀਡੀਅਮ ਵਿੱਚ ਪੜ੍ਹਨ ਵਾਲੇ ਵਿਦਿਆਰਥੀ ਉਪਲਬਧ ਹੋਣ ਤਾਂ ਪੰਜਾਬ ਰਾਜ ਦੇ ਸਰਕਾਰੀ ਸਕੂਲਾਂ ਵਿੱਚ ਅੰਗਰੇਜੀ ਮੀਡੀਅਮ ਨੂੰ ਬਤੌਰ ਆਪਸ਼ਨ ਲਾਗੂ ਕੀਤਾ ਜਾ ਸਕਦਾ ਹੈ। ਇਸ ਤੋਂ ਪਹਿਲਾਂ ਸਰਕਾਰੀ ਸਕੂਲਾਂ ਨੂੰ ਸਾਇੰਸ ਅਤੇ ਹਿਸਾਬ ਵਿਸ਼ੇ ਹੀ ਅੰਗਰੇਜ਼ੀ ਮੀਡੀਅਮ ਵਿੱਚ ਪੜ੍ਹਾਉਣ ਲਈ ਇਜਾਜ਼ਤ ਦਿੱਤੀ ਗਈ ਸੀ, ਪ੍ਰੰਤੂ ਹੁਣ ਜਿਲ੍ਹਾ ਸਿੱਖਿਆ ਅਫ਼ਸਰਾਂ ਦੇ ਉਕਤ ਸੁਝਾਅ ਨੂੰ ਮੁੱਖ ਰੱਖਦਿਆਂ ਹੋਇਆਂ ਪੰਜਾਬ ਰਾਜ ਦੇ ਸਮੂਹ ਸਕੂਲਾਂ ਵਿੱਚ ਸਮਾਜਿਕ ਸਿੱਖਿਆ ਵਿਸ਼ਾ ਵੀ ਅੰਗਰੇਜੀ ਮੀਡੀਅਮ ਵਿੱਚ ਪੜ੍ਹਾਉਣ ਦੀ ਇਜਾਜ਼ਤ ਦਿੱਤੀ ਜਾਂਦੀ ਹੈ। ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਅੰਗਰੇਜੀ ਮੀਡੀਅਮ ਕੇਵਲ ਵਿਦਿਆਰਥੀਆਂ ਵੱਲੋਂ ਆਪਸ਼ਨ ਦੇਣ'ਤੇ ਹੀ ਲਾਗੂ ਕੀਤਾ ਜਾਵੇਗਾ ਅਤੇ ਕਿਸੇ ਵੀ ਵਿਦਿਆਰਥੀ ਨੂੰ ਇਸ ਦੇ ਲਈ ਮਜਬੂਰ ਨਾ ਕੀਤਾ ਜਾਵੇ।

ਡਾਇਰੈਕਟਰ ਐੱਸ.ਸੀ.ਈ.ਆਰ.ਟੀ. ਪੰਜਾਬ
14/5/20